ਬਿਲਾਵਲੁ ਮਹਲਾ ੪ ॥ਅਨਦ ਮੂਲੁ ਧਿਆਇਓ ਪੁਰਖੋਤਮੁ ਅਨਦਿਨੁ ਅਨਦ ਅਨੰਦੇ ॥ ਧਰਮ ਰਾਇ ਕੀ ਕਾਣਿ ਚੁਕਾਈ ਸਭਿ ਚੂਕੇ ਜਮ ਕੇ ਛੰਦੇ ॥੧॥ ਜਪਿ ਮਨ ਹਰਿ ਹਰਿ ਨਾਮੁ ਗੁੋਬਿੰਦੇ ॥ ਵਡਭਾਗੀ ਗੁਰੁ ਸਤਿਗੁਰੁ ਪਾਇਆ ਗੁਣ ਗਾਏ ਪਰਮਾਨੰਦੇ ॥੧॥ ਰਹਾਉ ॥ ਸਾਕਤ ਮੂੜ ਮਾਇਆ ਕੇ ਬਧਿਕ ਵਿਚਿ ਮਾਇਆ ਫਿਰਹਿ ਫਿਰੰਦੇ ॥ ਤ੍ਰਿਸਨਾ ਜਲਤ ਕਿਰਤ ਕੇ ਬਾਧੇ ਜਿਉ ਤੇਲੀ ਬਲਦ ਭਵੰਦੇ ॥੨॥ ਗੁਰਮੁਖਿ ਸੇਵ ਲਗੇ ਸੇ ਉਧਰੇ ਵਡਭਾਗੀ ਸੇਵ ਕਰੰਦੇ ॥ ਜਿਨ ਹਰਿ ਜਪਿਆ ਤਿਨ ਫਲੁ ਪਾਇਆ ਸਭਿ ਤੂਟੇ ਮਾਇਆ ਫੰਦੇ ॥ ੩॥ ਆਪੇ ਠਾਕੁਰੁ ਆਪੇ ਸੇਵਕੁ ਸਭੁ ਆਪੇ ਆਪਿ ਗੋਵਿੰਦੇ ॥ ਜਨ ਨਾਨਕ ਆਪੇ ਆਪਿ ਸਭੁ ਵਰਤੈ ਜਿਉ ਰਾਖੈ ਤਿਵੈ ਰਹੰਦੇ ॥੪॥੬॥ {ਪੰਨਾ 800}

ਪਦਅਰਥ:- ਅਨਦ ਮੂਲੁ—ਆਨੰਦ ਦਾ ਸੋਮਾ। ਪੁਰਖੋਤਮੁ—ਉੱਤਮ ਪੁਰਖ। ਅਨਦਿਨੁ—ਹਰ ਰੋਜ਼, ਹਰ ਵੇਲੇ। ਅਨੰਦੇ—ਆਨੰਦ ਵਿਚ ਹੀ। ਕਾਣਿ—ਮੁਥਾਜੀ, ਧੌਂਸ, ਡਰ। ਸਭਿ—ਸਾਰੇ। ਚੂਕੇ—ਮੁੱਕ ਗਏ। ਛੰਦੇ—ਖ਼ੁਸ਼ਾਮਦਾਂ, ਮੁਲਾਹਜ਼ੇ।1।

ਮਨ—ਹੇ ਮਨ! ਗੁੋਬਿੰਦੇ—{ਅੱਖਰ 'ਗ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ 'ਗੋਬਿੰਦੇ' ਹੈ, ਇਥੇ 'ਗੁਬਿੰਦੇ' ਪੜ੍ਹਨਾ ਹੈ}। ਪਰਮਾਨੰਦੇ—ਸਭ ਤੋਂ ਉੱਚੇ ਆਨੰਦ ਦੇ ਮਾਲਕ-ਪ੍ਰਭੂ ਦੇ।1। ਰਹਾਉ।

ਸਾਕਤ—ਪਰਮਾਤਮਾ ਨਾਲੋਂ ਟੁੱਟੇ ਹੋਏ। ਮੂੜ—ਮੂਰਖ। ਬਧਿਕ—ਬੱਝੇ ਹੋਏ। ਫਿਰਹਿ—ਫਿਰਦੇ ਹਨ। ਤ੍ਰਿਸਨਾ—ਲਾਲਚ (ਦੀ ਅੱਗ)। ਕਿਰਤ—ਪਿਛਲੇ ਕੀਤੇ ਕਰਮ। ਕੇ—ਦੇ।2।

ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਸੇ—ਉਹ ਬੰਦੇ {ਬਹੁ-ਵਚਨ}। ਉਧਰੇ—(ਤ੍ਰਿਸ਼ਨਾ ਦੀ ਅੱਗ ਵਿਚ ਸੜਨ ਤੋਂ) ਬਚ ਜਾਂਦੇ ਹਨ। ਸੇਵ—ਸੇਵਾ-ਭਗਤੀ। ਸਭਿ ਫੰਦੇ—ਸਾਰੀਆਂ ਫਾਹੀਆਂ।3।

ਆਪੇ—ਆਪ ਹੀ। ਸਭੁ—ਹਰ ਥਾਂ। ਵਰਤੈ—ਮੌਜੂਦ ਹੈ।4।

ਅਰਥ:- ਹੇ (ਮੇਰੇ) ਮਨ! ਹਰੀ ਗੋਬਿੰਦ ਦਾ ਨਾਮ ਸਦਾ ਜਪਿਆ ਕਰ। ਜਿਸ ਵੱਡੇ ਭਾਗਾਂ ਵਾਲੇ ਮਨੁੱਖ ਨੂੰ ਗੁਰੂ ਮਿਲ ਪਿਆ, ਉਹ ਸਭ ਤੋਂ ਉੱਚੇ ਆਨੰਦ ਦੇ ਮਾਲਕ-ਪ੍ਰਭੂ ਦੇ ਗੁਣ ਗਾਂਦਾ ਹੈ (ਸੋ, ਹੇ ਮਨ! ਗੁਰੂ ਦੀ ਸਰਨ ਪਉ)।1। ਰਹਾਉ।

ਹੇ ਮਨ! ਜਿਸ ਮਨੁੱਖ ਨੇ ਆਨੰਦ ਦੇ ਸੋਮੇ ਉੱਤਮ ਪੁਰਖ ਪ੍ਰਭੂ ਦਾ ਨਾਮ ਸਿਮਰਿਆ, ਉਹ ਹਰ ਵੇਲੇ ਆਨੰਦ ਹੀ ਆਨੰਦ ਵਿਚ ਲੀਨ ਰਹਿੰਦਾ ਹੈ, ਉਸ ਨੂੰ ਧਰਮਰਾਜ ਦੀ ਮੁਥਾਜੀ ਨਹੀਂ ਰਹਿੰਦੀ, ਉਹ ਮਨੁੱਖ ਜਮਰਾਜ ਦੇ ਭੀ ਸਾਰੇ ਡਰ ਮੁਕਾ ਦੇਂਦਾ ਹੈ।1।

ਹੇ ਮਨ! ਪਰਮਾਤਮਾ ਨਾਲੋਂ ਟੁੱਟੇ ਹੋਏ ਮੂਰਖ ਮਨੁੱਖ ਮਾਇਆ (ਦੇ ਮੋਹ) ਵਿਚ ਬੱਝੇ ਰਹਿੰਦੇ ਹਨ, ਅਤੇ ਮਾਇਆ ਦੀ ਖ਼ਾਤਰ ਹੀ ਸਦਾ ਭਟਕਦੇ ਰਹਿੰਦੇ ਹਨ। ਆਪਣੇ ਕੀਤੇ ਕਰਮਾਂ ਦੇ ਸੰਸਕਾਰਾਂ ਦੇ ਬੱਝੇ ਹੋਏ ਉਹ ਮਨੁੱਖ ਤ੍ਰਿਸ਼ਨਾ (ਦੀ ਅੱਗ) ਵਿਚ ਸੜਦੇ ਰਹਿੰਦੇ ਹਨ ਅਤੇ (ਜਨਮ ਮਰਨ ਦੇ ਗੇੜ ਵਿਚ) ਭੌਂਦੇ ਰਹਿੰਦੇ ਹਨ ਜਿਵੇਂ ਤੇਲੀਆਂ ਦੇ ਬਲਦ ਕੋਹਲੂ ਦੁਆਲੇ ਸਦਾ ਭੌਂਦੇ ਹਨ।2।

ਹੇ ਮਨ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਪ੍ਰਭੂ ਦੀ ਸੇਵਾ-ਭਗਤੀ ਵਿਚ ਲੱਗ ਪਏ, ਉਹ (ਤ੍ਰਿਸ਼ਨਾ ਦੀ ਅੱਗ ਵਿਚ ਸੜਨ ਤੋਂ) ਬਚ ਗਏ। (ਪਰ, ਹੇ ਮਨ!) ਵੱਡੇ ਭਾਗਾਂ ਵਾਲੇ ਮਨੁੱਖ ਹੀ ਸੇਵਾ-ਭਗਤੀ ਕਰਦੇ ਹਨ। ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਜਪਿਆ, ਉਹਨਾਂ ਨੇ (ਤ੍ਰਿਸ਼ਨਾ-ਅੱਗ ਵਿਚ ਸੜਨ ਤੋਂ ਬਚਣ ਦਾ) ਫਲ ਪ੍ਰਾਪਤ ਕਰ ਲਿਆ। ਉਹਨਾਂ ਦੀਆਂ ਮਾਇਆ ਦੀਆਂ ਸਾਰੀਆਂ ਹੀ ਫਾਹੀਆਂ ਟੁੱਟ ਜਾਂਦੀਆਂ ਹਨ।3।

(ਪਰ ਹੇ ਮਨ!) ਪ੍ਰਭੂ ਆਪ ਹੀ (ਜੀਵਾਂ ਦਾ) ਮਾਲਕ ਹੈ (ਸਭ ਵਿਚ ਵਿਆਪਕ ਹੋ ਕੇ) ਆਪ ਹੀ (ਆਪਣੀ) ਸੇਵਾ-

ਭਗਤੀ ਕਰਨ ਵਾਲਾ ਹੈ, ਹਰ ਥਾਂ ਗੋਬਿੰਦ-ਪ੍ਰਭੂ ਆਪ ਹੀ ਆਪ ਮੌਜੂਦ ਹੈ। ਹੇ ਦਾਸ ਨਾਨਕ! ਹਰ ਥਾਂ ਪ੍ਰਭੂ ਆਪ ਹੀ ਆਪ ਵੱਸ ਰਿਹਾ ਹੈ। ਜਿਵੇਂ ਉਹ (ਜੀਵਾਂ ਨੂੰ) ਰੱਖਦਾ ਹੈ ਉਸੇ ਤਰ੍ਹਾਂ ਹੀ ਜੀਵ ਜੀਵਨ ਨਿਰਬਾਹ ਕਰਦੇ ਹਨ (ਕੋਈ ਉਸ ਦਾ ਸਿਮਰਨ ਕਰਦੇ ਹਨ, ਕੋਈ ਮਾਇਆ ਵਿਚ ਭਟਕਦੇ ਹਨ)।4।6।